SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 22* Issue 192 | Thursday, October 12, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ


## ਇਜ਼ਰਾਈਲ ਵਿਰੋਧੀ ਪੋਸਟਸ ਪਾਉਣ ਵਾਲੇ ਪਾਇਲਟ ਨੂੰ ਏਅਰ ਕੈਨੇਡਾ ਨੇ ਕੱਢਿਆ




ਮਾਂਟਰੀਅਲ, 11 ਅਕਤੂਬਰ (ਪੋਸਟ ਬਿਊਰੋ) : ਮਾਂਟਰੀਅਲ ਵਿੱਚ ਹੋਏ ਮੁਜ਼ਾਹਰੇ ਦੌਰਾਨ ਆਪਣੇ ਵੱਲੋਂ ਪਾਈਆਂ ਗਈਆਂ ਇਜ਼ਰਾਈਲ ਵਿਰੋਧੀ ਪੋਸਟਸ ਕਾਰਨ ਏਅਰ ਕੈਨੇਡਾ ਦੇ ਇੱਕ ਪਾਇਲਟ ਨੂੰ ਨੌਕਰੀ ਤੋਂ ਕੱਢ ਦਿੱਤਾ ਗਿਆ ਹੈ।

ਐਕਸ ਉੱਤੇ ਬੁੱਧਵਾਰ ਨੂੰ ਪੋਸਟ ਕੀਤੇ ਗਏ ਇੱਕ ਮੈਸੇਜ ਵਿੱਚ ਏਅਰ ਕੈਨੇਡਾ ਨੇ ਆਖਿਆ ਕਿ ਸਾਡੇ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਜਾਂਦੀ ਹੈ ਕਿ ਜਿਸ ਪਾਇਲਟ ਵੱਲੋਂ ਇਹ ਪੋਸਟਸ ਸਾਂਝੀਆਂ ਕੀਤੀਆਂ ਗਈਆਂ ਹਨ ਉਹ ਹੁਣ ਏਅਰ ਕੈਨੇਡਾ ਲਈ ਕੰਮ ਨਹੀਂ ਕਰਦਾ। ਕੰਪਨੀ ਨੇ ਆਖਿਆ ਕਿ ਇਸ ਤਰ੍ਹਾਂ ਦੀਆਂ ਪੋਸਟਸ ਸਵੀਕਾਰਨਯੋਗ ਨਹੀਂ ਹਨ।

ਯੂਐਸ ਸਥਿਤ ਗਰੁੱਪ ਵੱਲੋਂ ਇਨਸਟਾਗ੍ਰਾਮ ਉੱਤੇ ਉਹ ਸਕਰੀਨ ਸ਼ੌਟਸ ਸਾਂਝੇ ਕੀਤੇ ਗਏ ਜਿਹੜੇ ਮੋਸਤਫਾ ਐਜ਼ੋ ਨਾਂ ਦੇ ਇਸ ਫਲਸਤੀਨ ਪੱਖੀ ਪਾਇਲਟ ਵੱਲੋਂ ਸਾਂਝੇ ਕੀਤੇ ਗਏ ਸਨ। ਇਨ੍ਹਾਂ ਵਿੱਚ ਉਸ ਨੇ ਪਾਇਲਟ ਵਾਲੀ ਯੂਨੀਫਰਮ ਪਾ ਕੇ ਫਲਸਤੀਨ ਪੱਖੀ ਸਾਈਨ ਫੜ੍ਹਿਆ ਹੋਇਆ ਸੀ ਤੇ ਮਾਂਟਰੀਅਲ ਵਿੱਚ ਕੀਤੇ ਜਾ ਰਹੇ ਮੁਜ਼ਾਹਰੇ, ਜਿਸ ਵਿੱਚ ਹਿਟਲਰ ਦਾ ਹਵਾਲਾ ਸੀ, ਵਿੱਚ ਉਸ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ।

## ਵੱਡੇ ਕੈਨੇਡੀਅਨ ਗਰੌਸਰਜ਼ ਵੱਲੋਂ ਕੀਮਤਾਂ ਘਟਾਉਣ ਦੀ ਨਹੀਂ ਕੀਤੀ ਗਈ ਪੁਸ਼ਟੀ

ਓਟਵਾ, 11 ਅਕਤੂਬਰ (ਪੋਸਟ ਬਿਊਰੋ) : ਕੈਨੇਡਾ ਦੇ ਵੱਡੇ ਗਰੌਸਰਜ਼ ਵੱਲੋਂ ਅਜੇ ਇਸ ਦੀ ਪੁਸ਼ਟੀ ਨਹੀਂ ਕੀਤੀ ਗਈ ਹੈ ਕਿ ਗਰੌਸਰੀ ਦੀਆਂ ਕੀਮਤਾਂ ਨੂੰ ਸਥਿਰ ਕਰਨ ਲਈ ਉਹ ਆਪਣੀ ਵਚਨਬੱਧਤਾ ਨੂੰ ਪੂਰਾ ਕਰਨਗੇ ਜਾਂ ਨਹੀਂ। ਇਸ ਤੋਂ ਪਹਿਲਾਂ ਫੈਡਰਲ ਸਰਕਾਰ ਇਹ ਦਾਅਵਾ ਕਰ ਚੁੱਕੀ ਹੈ ਕਿ ਵੱਡੇ ਗਰੌਸਰਜ਼ ਕੀਮਤਾਂ ਘਟਾਉਣ ਲਈ ਰਾਜ਼ੀ ਹੋ ਗਏ ਹਨ।

ਪਿਛਲੇ ਹਫਤੇ ਇੰਡਸਟਰੀ ਮੰਤਰੀ ਫਰੈਂਕੌਇਸ ਫਿਲਿਪ ਸ਼ੈਂਪੇਨ ਨੇ ਇਹ ਐਲਾਨ ਕੀਤਾ ਸੀ ਕਿ ਗਰੌਸਰੀ ਦੀਆਂ ਕੀਮਤਾਂ ਨੂੰ ਸਥਿਰ ਕਰਨ ਲਈ ਗਰੌਸਰਜ਼ ਵੱਲੋਂ ਪਲੈਨ ਪੇਸ਼ ਕੀਤੇ ਗਏ ਸਨ, ਜਿਨ੍ਹਾਂ ਵਿੱਚ ਡਿਸਕਾਊਂਟ, ਕੀਮਤਾਂ ਨੂੰ ਵਧਣ ਤੋਂ ਰੋਕਣਾ ਤੇ ਮੁਕਾਬਲੇਬਾਜ਼ੀ ਸ਼ਾਮਲ ਸਨ। ਜਦੋਂ ਲੋਬਲਾਅ, ਐਂਪਾਇਰ, ਮੈਟਰੋ, ਵਾਲਮਾਰਟ ਤੇ ਕੌਸਕੋ ਦਾ ਪੱਖ ਜਾਨਣ ਦੀ ਕੋਸ਼ਿਸ਼ ਕੀਤੀ ਗਈ ਤਾਂ ਮੈਟਰੋ ਨੇ ਤਾਂ ਟਿੱਪਣੀ ਕਰਨ ਤੋਂ ਹੀ ਇਨਕਾਰ ਕਰ ਦਿੱਤਾ ਜਦਕਿ ਲੋਬਲਾਅ, ਐਂਪਾਇਰ ਤੇ ਕੌਸਕੋ ਨੇ ਇਸ ਜਾਣਕਾਰੀ ਲਈ ਕੀਤੀ ਬੇਨਤੀ ਵੱਲ ਕੋਈ ਕੰਨ ਹੀ ਨਹੀਂ ਕੀਤਾ।



ਲਿਖਤੀ ਪ੍ਰਤੀਕਿਰਿਆ ਵਿੱਚ ਵਾਲਮਾਰਟ ਕੈਨੇਡਾ ਦੀ ਤਰਜ਼ਮਾਨ ਨੇ ਆਖਿਆ ਕਿ ਕੰਪਨੀ ਨੇ ਰੋਜ਼ਾਨਾ ਘੱਟ ਕੀਮਤਾਂ ਰੱਖਣ ਦੀ ਯੋਜਨਾ ਬਣਾਈ ਹੈ। ਪਰ ਇੱਥੇ ਦੱਸਣਾ ਬਣਦਾ ਹੈ ਕਿ ਵਾਲਮਾਰਟ ਦੀ ਇਹ ਰਣਨੀਤੀ ਹੀ ਹੈ ਕਿ ਉਹ ਨਿਯਮਿਤ ਤੌਰ ਉੱਤੇ ਘੱਟ ਕੀਮਤਾਂ ਦੀ ਪੇਸ਼ਕਸ਼ ਕਰਦੀ ਰਹਿੰਦੀ ਹੈ। ਵਾਲਮਾਰਟ ਕੈਨੇਡਾ ਦੀ ਕਾਰਪੋਰੇਟ ਅਫੇਅਰਜ਼ ਮੈਨੇਜਰ ਸਟੈਫਨੀ ਫਸਕੋ ਨੇ ਆਖਿਆ ਕਿ ਪਿਛਲੇ ਹਫਤੇ ਅਸੀਂ ਸਰਕਾਰ ਨਾਲ ਇਹ ਗੱਲ ਸਾਂਝੀ ਕੀਤੀ ਸੀ ਕਿ ਮਹਿੰਗਾਈ ਨਾਲ ਲੜਨ ਲਈ ਅਸੀਂ ਕਾਰਵਾਈ ਕਰ ਰਹੇ ਹਾਂ ਤੇ ਗਰੌਸਰੀ ਦੀਆਂ ਕੀਮਤਾਂ ਘੱਟ ਹੀ ਰੱਖੀਆਂ ਜਾਣਗੀਆਂ। ਅਸੀਂ ਸਰਕਾਰ ਨੂੰ ਇਹ ਵੀ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਮਹਿੰਗਾਈ ਘਟਾਉਣ ਲਈ ਸਾਡੇ ਨਾਲ ਰਲ ਕੇ ਕੀ ਕੀਤਾ ਜਾ ਸਕਦਾ ਹੈ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ 21 ਸਾਲਾ ਮਹਿਲਾ ਦੀ ਹੋਈ ਮੌਤ




ਇਟੋਬੀਕੋ, 11 ਅਕਤੂਬਰ (ਪੋਸਟ ਬਿਊਰੋ) : ਪਿਛਲੇ ਹਫਤੇ ਇਟੋਬੀਕੋ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ 21 ਸਾਲਾ ਮਹਿਲਾ ਦੀ ਮੌਤ ਹੋ ਗਈ।

ਟੋਰਾਂਟੋ ਪੁਲਿਸ ਨੂੰ ਸ਼ੁੱਕਰਵਾਰ ਦੁਪਹਿਰੇ 3:45 ਉੱਤੇ ਲੇਕ ਸ਼ੋਰ ਬੁਲੇਵਾਰਡ ਨੇੜੇ ਬ੍ਰਾਊਨਜ਼ ਲਾਈਨ ਤੇ ਜੈਲੀਕੋਅ ਐਵਨਿਊ ਏਰੀਆ ਵਿੱਚ ਸੱਦਿਆ ਗਿਆ। ਪੁਲਿਸ ਦਾ ਕਹਿਣਾ ਹੈ ਕਿ ਜਦੋਂ ਉਹ ਸੜਕ ਪਾਰ ਕਰ ਰਹੀ ਸੀ ਤਾਂ ਕਿਸੇ ਗੱਡੀ ਵੱਲੋਂ ਟੱਕਰ ਮਾਰ ਦਿੱਤੀ ਗਈ। ਇਹ ਗੱਡੀ ਰੋਡਵੇਅ ਉੱਤੇ ਸੱਜੀ ਲਾਈਨ ਵਿੱਚ ਉੱਤਰ ਵੱਲ ਜਾ ਰਹੀ ਸੀ। ਮਹਿਲਾ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਪਰ ਮੰਗਲਵਾਰ ਨੂੰ ਉਸ ਦੀ ਮੌਤ ਹੋ ਗਈ।

ਗੱਡੀ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਮਾਰਖਮ ਦੇ ਦੋ ਘਰਾਂ ਵਿੱਚੋਂ ਬਰਾਮਦ ਹੋਏ ਪੰਜ ਲੱਖ ਡਾਲਰ ਦੇ ਨਸ਼ੀਲੇ ਪਦਾਰਥ, ਦੋ ਗ੍ਰਿਫਤਾਰ

ਮਾਰਖਮ, 11 ਅਕਤੂਬਰ (ਪੋਸਟ ਬਿਊਰੋ) : ਯੌਰਕ ਰੀਜਨਲ ਪੁਲਿਸ ਦਾ ਦਾਅਵਾ ਹੈ ਕਿ ਉਨ੍ਹਾਂ ਵੱਲੋਂ 500,000 ਡਾਲਰ ਮੁੱਲ ਦੇ ਪਾਬੰਦੀਸ਼ੁਦਾ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ ਤੇ ਇਸ ਸਬੰਧ ਵਿੱਚ ਦੋ ਵਿਅਕਤੀਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।



27 ਸਤੰਬਰ ਨੂੰ ਪੁਲਿਸ ਨੂੰ ਇਹ ਸੂਹ ਮਿਲੀ ਕਿ 14ਥ ਐਵਨਿਊ ਤੇ ਮਾਰਖਮ ਰੋਡ ਏਰੀਆ ਵਿੱਚ ਸਥਿਤ ਇੱਕ ਘਰ ਤੇ ਡੈਨੀਸਨ ਸਟਰੀਟ ਤੇ ਬ੍ਰਿਮਲੇ ਰੋਡ ਮਾਰਖਮ ਸਥਿਤ ਇੱਕ ਘਰ ਤੋਂ ਦੋ ਮਸ਼ਕੂਕਾਂ ਵੱਲੋਂ ਕੈਟਾਮਾਈਨ ਦੀ ਸਮਗਲਿੰਗ ਕੀਤੀ ਜਾ ਰਹੀ ਹੈ। ਪੁਲਿਸ ਨੇ ਸਰਚ ਵਾਰੰਟ ਕਢਵਾ ਕੇ ਘਰਾਂ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਨੂੰ ਇੱਥੋਂ 9.5 ਕਿੱਲੋ ਕੈਟਾਮਾਈਨ, 37 ਪਾਊਂਡ ਕੈਨਾਬਿਸ ਤੇ 503 ਗ੍ਰਾਮ ਮੈਥਾਮਫੈਟਾਮਾਈਨ ਬਰਾਮਦ ਹੋਈ। ਇਨ੍ਹਾਂ ਨਸ਼ਿਆਂ ਦੀ ਬਾਜ਼ਾਰ ਵਿੱਚ ਕੀਮਤ 490,000 ਡਾਲਰ ਦੱਸੀ ਜਾਂਦੀ ਹੈ। ਪੁਲਿਸ ਨੂੰ 60,000 ਡਾਲਰ ਕੈਨੇਡੀਅਨ ਕਰੰਸੀ ਦੇ ਰੂਪ ਵਿੱਚ ਵੀ ਬਰਾਮਦ ਹੋਏ।

ਇਸ ਸਬੰਧ ਵਿੱਚ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਦੀ ਪਛਾਣ ਮਾਰਖਮ ਦੇ 36 ਸਾਲਾ ਯੈਨ ਜਿਨ ਲੀ ਤੇ 26 ਸਾਲਾ ਜੀਏ ਹੁਈ ਚੈਨ ਵਜੋਂ ਹੋਈ। ਦੋਵਾਂ ਨੂੰ ਨਸ਼ਿਆਂ ਨਾਲ ਸਬੰਧਤ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ 4 ਜ਼ਖ਼ਮੀ



ਇਟੋਬੀਕੋ, 11 ਅਕਤੂਬਰ (ਪੋਸਟ ਬਿਊਰੋ) : ਬੁੱਧਵਾਰ ਰਾਤ ਨੂੰ ਇਟੋਬੀਕੋ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਚਾਰ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ। ਸ਼ਾਮੀਂ 6:22 ਉੱਤੇ ਚਾਰ ਵਿਅਕਤੀਆਂ ਨੂੰ ਥਰਟੀਨਥ ਸਟਰੀਟ ਲੇਕ ਸ਼ੋਰ ਬੁਲੇਵਾਰਡ ਇਲਾਕੇ ਵਿੱਚ ਗੱਡੀ ਵੱਲੋਂ ਟੱਕਰ ਮਾਰੇ ਜਾਣ ਦੀ ਖਬਰ ਮਿਲਣ ਤੋਂ ਬਾਅਦ ਪੁਲਿਸ ਮੌਕੇ ਉੱਤੇ ਪਹੁੰਚੀ। ਜਦੋਂ ਪੁਲਿਸ ਪਹੁੰਚੀ ਤਾਂ ਡਰਾਈਵਰ ਉੱਥੇ ਹੀ ਮੌਜੂਦ ਸੀ ਤੇ ਟੋਰਾਂਟੋ ਮੈਡਿਕਸ ਵੱਲੋਂ ਉਨ੍ਹਾਂ ਚਾਰਾਂ ਵਿਅਕਤੀਆਂ ਨੂੰ ਲੱਗੀਆਂ ਸੱਟਾਂ ਦਾ ਜਾਇਜ਼ਾ ਲਿਆ ਜਾ ਰਿਹਾ ਸੀ।

ਦੋ ਬੱਚਿਆਂ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਦਕਿ ਮਹਿਲਾ ਨੂੰ ਟਰੌਮਾ ਰੰਨ ਰਾਹੀਂ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਬਾਅਦ ਵਿੱਚ ਉਸ ਦੀ ਸਥਿਤੀ ਸਥਿਰ ਦੱਸੀ ਗਈ। ਇੱਕ ਹੋਰ ਵਿਅਕਤੀ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਡਰਾਈਵਰ ਨੂੰ ਵੀ ਇਸ ਘਟਨਾ ਵਿੱਚ ਸੱਟਾਂ ਲੱਗੀਆਂ ਦੱਸੀਆਂ ਜਾਂਦੀਆਂ ਹਨ। ਟਵੈਲਥ ਸਟਰੀਟ ਤੇ ਫੋਰਟੀਨਥ ਸਟਰੀਟ ਦਰਮਿਆਨ ਵੈਸਟਬਾਊਂਡ ਲੇਕ ਸ਼ੋਰ ਬੁਲੇਵਾਰਡ ਨੂੰ ਬੰਦ ਕਰ ਦਿੱਤਾ ਗਿਆ ਹੈ।

## ਸਪੇਨ ਵਿਚ ਇਮਾਰਤ ਨੂੰ ਲੱਗੀ ਅੱਗ ਵਿਚ 3 ਬੱਚਿਆਂ ਸਮੇਤ 4 ਮੌਤਾਂ

ਵੀਗੋ, 11 ਅਕਤੂਬਰ (ਪੋਸਟ ਬਿਊਰੋ): ਉੱਤਰ-ਪੱਛਮੀ ਸਪੇਨ ਦੇ ਵੀਗੋ ਸ਼ਹਿਰ ਵਿਚ ਇਕ ਰਿਹਾਇਸ਼ੀ ਇਮਾਰਤ ਵਿਚ ਅੱਗ ਲੱਗਣ ਕਾਰਨ 3 ਬੱਚਿਆਂ ਸਮੇਤ 4 ਲੋਕਾਂ ਦੀ ਮੌਤ ਹੋ ਗਈ। ਨਗਰ ਨਿਗਮ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਐਮਰਜੈਂਸੀ ਸੇਵਾ ਨੇ ਸ਼ੁਰੂ 'ਚ ਕਿਹਾ ਸੀ ਕਿ 4 ਮ੍ਰਿਤਕਾਂ ਦੀ ਉਮਰ 9 ਤੋਂ 14 ਸਾਲ ਦੇ ਵਿਚਕਾਰ ਸੀ



ਪਰ ਵੀਗੋ ਦੇ ਮੇਅਰ ਅਬੇਲ ਕੈਬਲੇਰੋ ਨੇ ਬਾਅਦ 'ਚ ਕਿਹਾ ਕਿ ਮ੍ਰਿਤਕਾਂ 'ਚ 1 ਬਾਲਗ ਸੀ। ਗੈਲੀਸੀਆ ਖ਼ੇਤਰ 'ਚ ਐਮਰਜੈਂਸੀ ਸੇਵਾ ਨੇ ਕਿਹਾ ਕਿ 9 ਲੋਕਾਂ ਨੂੰ ਹਸਪਤਾਲਾਂ 'ਚ ਦਾਖ਼ਲ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਕ ਬੱਚੇ ਸਮੇਤ ਤਿੰਨ ਲੋਕਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਕੈਬਲੇਰੋ ਨੇ ਕਿਹਾ ਕਿ ਸ਼ਹਿਰ ਨੇ ਮ੍ਰਿਤਕਾਂ ਦੇ ਸਨਮਾਨ 'ਚ 3 ਦਿਨਾਂ ਦੇ ਸੋਗ ਦਾ ਐਲਾਨ ਕੀਤਾ ਹੈ।


NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
• Super Visa Insurance • Mortgage Insurance • Disability Insurance • Funeral Insurance
SIMRAN SAINI 416.994.7272
www.allkindinsurance.com

Allstate. You're in good hands.
+ Insurance
Shawn Budwal, Allstate Sales Agent, Waterdown Agency, 94 Dundas Street East, Unit 3, 289-678-4024, sbudwal@allstate.ca
'Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill, Certified & Licensed Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6, Brampton, ON, L6P 3W4
Open Saturday
Providing excellent quality legal services to our clients

MagGas Medical Brampton
MGM MAGGAS MEDICAL INC. Helping you breathe deep and rest easy.
• CPAP machines, masks and supplies
• Free consultations
• 30 day mask exchange
• Free deliveries
(647) 954-9885
20 Maritime Ont Blvd Unit 15, Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL, Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat, Broker
Aaxel InsuranceBrokers Ltd. | 1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA, Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley, Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal, Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan, Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu, Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial, Brokerage Lic. 12538
Harpreet Singh Goraya, Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਇਜ਼ਰਾਈਲ ਦੀ ਹਵਾਈ ਫੌਜ ਨੇ ਗਾਜ਼ਾ ਦੀ ਯੂਨੀਵਰਸਿਟੀ ’ਤੇ ਸੁੱਟੇ ਬੰਬ

ਤਲਅਵੀਵ, 11 ਅਕਤੂਬਰ (ਪੋਸਟ ਬਿਊਰੋ): ਗਾਜ਼ਾ ਪੱਟੀ ਵਿੱਚ ਇਜ਼ਰਾਈਲ ਦੀ ਬੰਬਾਰੀ ਪੂਰੇ ਜ਼ੋਰਾਂ ਨਾਲ ਜਾਰੀ ਹੈ। ਇਜ਼ਰਾਇਲੀ ਹਵਾਈ ਫੌਜ ਨੇ ਤਾਜ਼ਾ ਜਾਣਕਾਰੀ 'ਚ ਕਿਹਾ ਹੈ ਕਿ ਉਸ ਦੇ ਲੜਾਕੂ ਜਹਾਜ਼ਾਂ ਨੇ ਗਾਜ਼ਾ 'ਚ ਇਸਲਾਮਿਕ ਯੂਨੀਵਰਸਿਟੀ 'ਤੇ ਬੰਬਾਰੀ ਕੀਤੀ ਹੈ। ਇਜ਼ਰਾਈਲੀ ਹਵਾਈ ਫੌਜ ਦਾ ਦਾਅਵਾ ਹੈ ਕਿ ਇਹ ਯੂਨੀਵਰਸਿਟੀ ਹਮਾਸ ਦੇ ਇੰਜੀਨੀਅਰਾਂ ਨੂੰ ਸਿਖਲਾਈ ਦੇਣ ਦਾ ਇੱਕ ਵੱਡਾ ਅੱਡਾ ਸੀ। ਇਜ਼ਰਾਇਲੀ ਹਵਾਈ ਸੈਨਾ ਨੇ ਦਾਅਵਾ ਕੀਤਾ ਹੈ ਕਿ ਇਸ ਯੂਨੀਵਰਸਿਟੀ ਵਿੱਚ ਹਮਾਸ ਦੇ ਇੰਜੀਨੀਅਰਾਂ ਨੂੰ ਸਿਖਲਾਈ ਦਿੱਤੀ ਗਈ ਸੀ। ਫੌਜ ਨੇ ਕਿਹਾ ਹੈ ਕਿ ਹੁਣੇ-ਹੁਣੇ ਇਕ ਲੜਾਕੂ ਜਹਾਜ਼ ਨੇ ਯੂਨੀਵਰਸਿਟੀ ਕੈਂਪਸ 'ਤੇ ਹਮਲਾ ਕੀਤਾ ਹੈ। ਇਜ਼ਰਾਈਲ ਦਾ ਦਾਅਵਾ ਹੈ ਕਿ ਇਹ ਯੂਨੀਵਰਸਿਟੀ ਗਾਜ਼ਾ ਲਈ ਸਿਆਸੀ ਅਤੇ ਫੌਜੀ ਇਕਾਈ ਵਜੋਂ ਕੰਮ ਕਰ ਰਹੀ ਸੀ। ਟ੍ਰੇਨਿੰਗ ਲੈਣ ਤੋਂ ਬਾਅਦ



ਇੰਜੀਨੀਅਰ ਹਮਾਸ ਲਈ ਹਥਿਆਰ ਬਣਾਉਂਦੇ ਸਨ।

ਇਜ਼ਰਾਇਲੀ ਫੌਜ ਨੇ ਆਪਣੇ ਅਧਿਕਾਰਤ ਟਵਿੱਟਰ ਅਕਾਊਂਟ ਤੋਂ ਇਸ ਬੰਬ ਧਮਾਕੇ ਦੀਆਂ ਤਸਵੀਰਾਂ ਜਾਰੀ ਕੀਤੀਆਂ ਹਨ। ਇਜ਼ਰਾਈਲ ਡਿਫੈਂਸ ਫੋਰਸ ਨੇ ਆਪਣੇ ਟਵਿੱਟਰ ਅਕਾਊਂਟ ਤੋਂ ਤਸਵੀਰਾਂ ਜਾਰੀ ਕਰਦੇ ਹੋਏ ਕਿਹਾ ਹੈ ਕਿ ਹਮਾਸ ਨੇ ਸਿੱਖਿਆ ਦੇ ਕੇਂਦਰ ਨੂੰ ਤਬਾਹੀ ਦੇ ਕੇਂਦਰ ਵਿੱਚ ਬਦਲ ਦਿੱਤਾ ਹੈ। ਕੁਝ ਸਮਾਂ ਪਹਿਲਾਂ ਸਾਡੀ ਫੌਜ ਨੇ ਹਮਾਸ ਦੇ ਉਸ ਅਹਿਮ ਹਿੱਸੇ ਨੂੰ ਨਿਸ਼ਾਨਾ ਬਣਾਇਆ, ਜੋ ਉਨ੍ਹਾਂ ਦਾ ਸਿਆਸੀ ਅਤੇ ਫੌਜੀ ਕੇਂਦਰ ਬਣ ਗਿਆ ਸੀ। ਹਮਾਸ ਨੇ ਇਸ ਯੂਨੀਵਰਸਿਟੀ ਵਿੱਚ ਇੱਕ ਸਿਖਲਾਈ ਕੈਂਪ ਬਣਾਇਆ ਹੋਇਆ ਸੀ ਅਤੇ ਇੱਥੇ ਹਥਿਆਰ ਬਣਾਏ ਜਾ ਰਹੇ ਸਨ ਅਤੇ ਇੱਥੇ ਲੋਕਾਂ ਨੂੰ ਮਿਲਟਰੀ ਇੰਟੈਲੀਜੈਂਸ ਸਿਖਾਈ ਜਾ ਰਹੀ ਸੀ।

## ਅੱਜ ਨਾਮਾ >>

ਕੋਈ ਨਹੀਂ ਕੋਨਾ ਸੰਸਾਰ ਦਾ ਰਿਹਾ ਪਿੱਛੇ,
ਥਾਂਉਂ-ਥਾਂ ਜਾਪਦੀ ਮੌਤ ਰਹੀ ਨੱਚ ਬੇਲੀ।
ਕਿਸੇ ਥਾਂ ਰਹਿੰਦੀ ਭੁਚਾਲ ਦੀ ਮਾਰ ਪੈਂਦੀ,
ਕਬਰਾਂ ਦਿੱਸਣ ਜਾਂ ਸਿਵੇ ਰਹੇ ਮੱਚ ਬੇਲੀ।
ਕਿਤੇ ਭੜਕਦਾ ਦੰਗਾ, ਫਿਰ ਬਲੇ ਭਾਂਬੜ,
ਤਬਾਹੀ ਡਿੱਠੀ ਤਾਂ ਭਰਦਾ ਏ ਗੱਚ ਬੇਲੀ।
ਕਿਸੇ ਥਾਂ ਜੰਗਾਂ ਦੇ ਚੱਲਦੇ ਫਿਰਨ ਰਾਕੇਟ,
ਟਾਵਰ ਤਿੜਕਦੇ ਟੁੱਟਾ ਜਿਉਂ ਕੱਚ ਬੇਲੀ।
ਖਤਰਾ ਰੋਜ਼ ਆਸੁਣੀਂਦਾ ਏਲੀਅਨਜ਼ ਦਾ,
ਲੱਭਦਾ ਉਨ੍ਹਾਂ ਦਾ ਕੋਈ ਨਹੀਂ ਤੋੜ ਬੇਲੀ।
ਬੰਦਾ ਬੰਦਿਆਂ ਦੀ ਖੁਦ ਹੀ ਮੌਤ ਬਣਿਆ,
ਕਾਹਦੀ ਏਲੀਅਨਜ਼ ਦੀ ਏਥੇ ਥੋੜ ਬੇਲੀ।

**ਤੀਸ ਮਾਰ ਖਾਂ**

# ਬਾਈਡੇਨ ਨੇ ਅੱਤਵਾਦੀ ਸਮੂਹ ਹਮਾਸ ਦੀ ਕੀਤੀ ਨਿੰਦਾ: ਕਿਹਾ, ਅਸੀਂ ਇਜ਼ਰਾਈਲ ਨਾਲ ਖੜ੍ਹੇ ਹਾਂ

ਵਾਸ਼ਿੰਗਟਨ, 11 ਅਕਤੂਬਰ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਇਡੇਨ ਨੇ ਮੰਗਲਵਾਰ ਨੂੰ ਗਾਜ਼ਾ ਪੱਟੀ ਤੋਂ ਇਜ਼ਰਾਈਲ 'ਤੇ ਹੈਰਾਨ ਕਰਨ ਵਾਲੇ ਅਤੇ ਅਚਾਨਕ ਹੋਏ ਹਮਲੇ ਲਈ ਅੱਤਵਾਦੀ ਸਮੂਹ ਹਮਾਸ ਦੀ ਨਿੰਦਾ ਕੀਤੀ ਹੈ। ਇਨ੍ਹਾਂ ਹਮਲਿਆਂ ਵਿਚ ਘੱਟੋ-ਘੱਟ 14 ਅਮਰੀਕੀ ਨਾਗਰਿਕਾਂ ਸਮੇਤ ਸੈਂਕੜੇ ਨਾਗਰਿਕਾਂ ਦੀ ਮੌਤ ਹੋ ਚੁੱਕੀ ਹੈ। ਬਾਇਡੇਨ ਅਤੇ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਜ਼ਮੀਨੀ ਸਥਿਤੀ 'ਤੇ ਚਰਚਾ ਕਰਨ ਲਈ ਮੰਗਲਵਾਰ ਨੂੰ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਫੋਨ 'ਤੇ ਗੱਲ ਕੀਤੀ। ਅਮਰੀਕੀ ਰਾਸ਼ਟਰਪਤੀ ਨੇ ਹਮਲੇ ਤੋਂ ਬਾਅਦ ਇਜ਼ਰਾਈਲ ਦਾ ਸਮਰਥਨ ਕਰਨ ਲਈ ਆਪਣੇ ਅਤੇ ਹੋਰ ਸਹਿਯੋਗੀਆਂ ਵੱਲੋਂ ਚੁੱਕੇ



ਗਏ ਕਦਮਾਂ ਬਾਰੇ ਗੱਲ ਕੀਤੀ ਅਤੇ ਨਿਰਦੋਸ਼ ਨਾਗਰਿਕਾਂ 'ਤੇ ਅੱਤਵਾਦੀਆਂ ਵੱਲੋਂ ਕੀਤੇ ਗਏ ਅੱਤਿਆਚਾਰ ਦੀ "ਦੁਖਦਾਈ" ਘਟਨਾ 'ਤੇ ਚਿੰਤਾ ਪ੍ਰਗਟਾਈ।

ਰਾਸ਼ਟਰਪਤੀ ਬਾਇਡੇਨ ਨੇ ਵ੍ਹਾਈਟ ਹਾਊਸ ਤੋਂ ਦਿੱਤੇ ਭਾਸ਼ਣ ਵਿੱਚ ਹਮਾਸ ਦੇ ਅੱਤਵਾਦੀ ਹਮਲਿਆਂ ਦੀ ਸਖ਼ਤ ਨਿੰਦਾ ਕੀਤੀ। ਬਾਈਡੇਨ ਨੇ ਕਿਹਾ ਕਿ ਸਾਨੂੰ ਇਸ ਪਲ ਵਿੱਚ ਬਿਲਕੁਲ ਸਪੱਸ਼ਟ ਹੋਣਾ ਚਾਹੀਦਾ ਹੈ। ਅਸੀਂ ਇਜ਼ਰਾਈਲ ਦੇ ਨਾਲ ਖੜੇ ਹਾਂ। ਅਮਰੀਕੀ ਰਾਸ਼ਟਰਪਤੀ ਨੇ ਸਪੱਸ਼ਟ ਕੀਤਾ ਕਿ ਉਹ ਹਮਲਿਆਂ ਦੀ ਬੇਰਹਿਮੀ ਨਾਲ ਹੈਰਾਨ ਹਨ। ਇਸ ਕਾਰਨ 1,000 ਇਜ਼ਰਾਈਲੀ ਅਤੇ 14 ਅਮਰੀਕੀਆਂ ਦੀ ਮੌਤ ਹੋ ਚੁੱਕੀ ਹੈ। ਬਾਈਡੇਨ ਨੇ ਅਮਰੀਕੀਆਂ ਨੂੰ ਰਾਜਨੀਤੀ ਨੂੰ ਪਾਸੇ ਰੱਖ ਕੇ ਇਜ਼ਰਾਈਲੀਆਂ ਦੀ ਮਦਦ ਲਈ ਇਕੱਠੇ ਹੋਣ ਲਈ ਕਿਹਾ। ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ਨਫ਼ਰਤ ਲਈ ਕੋਈ ਥਾਂ ਨਹੀਂ ਹੈ - ਨਾ ਯਹੂਦੀਆਂ ਦੇ ਖਿਲਾਫ, ਨਾ ਮੁਸਲਮਾਨਾਂ ਦੇ ਖਿਲਾਫ, ਨਾ ਕਿਸੇ ਹੋਰ ਦੇ ਖਿਲਾਫ। ਅਸੀਂ ਇਸ ਅੱਤਵਾਦ ਨੂੰ ਅਸਵੀਕਾਰ ਕਰਦੇ ਹਾਂ।

# ਰਾਜਸਥਾਨ ਵਿਧਾਨ ਸਭਾ ਲਈ 23 ਦੀ ਥਾਂ 25 ਨਵੰਬਰ ਨੂੰ ਪੈਣਗੀਆਂ ਵੋਟਾਂ, ਬਦਲੀ ਗਈ ਤਾਰੀਖ



ਨਵੀਂ ਦਿੱਲੀ, 11 ਅਕਤੂਬਰ (ਪੋਸਟ ਬਿਊਰੋ): ਰਾਜਸਥਾਨ ਵਿਚ ਵਿਧਾਨ ਸਭਾ ਚੋਣਾਂ ਦੀ ਤਰੀਕ ਬਦਲ ਗਈ ਹੈ। ਚੋਣ ਕਮਿਸ਼ਨ ਨੇ ਕਿਹਾ ਕਿ ਰਾਸਥਾਨ ਵਿਚ 23 ਨਵੰਬਰ ਦੀ ਬਜਾਏ 25 ਨਵੰਬਰ ਨੂੰ ਵੋਟਿੰਗ ਹੋਵੇਗੀ। ਹਾਲਾਂਕਿ ਵੋਟਾਂ ਦੀ ਗਿਣਤੀ ਦੀ ਤਰੀਕ ਨਹੀਂ ਬਦਲੀ ਗਈ ਹੈ। 3 ਦਸੰਬਰ ਨੂੰ ਚੋਣ ਦੇ ਨਤੀਜੇ ਐਲਾਨੇ ਜਾਣਗੇ। ਚੋਣ ਕਮਿਸ਼ਨ ਨੇ 23 ਨਵੰਬਰ ਨੂੰ ਪ੍ਰਸਤਾਵਿਤ ਹਜ਼ਾਰਾਂ ਵਿਆਹ ਤੇ ਦੇਵ ਉਠਨੀ ਏਕਾਦਸ਼ੀ ਦੀ ਵਜ੍ਹਾ ਤੋਂ ਤਰੀਕ ਵਿਚ ਬਦਲਾਅ ਕੀਤਾ ਹੈ।


ਚੋਣ ਕਮਿਸ਼ਨ ਨੇ ਕਿਹਾ ਕਿ 23 ਨਵੰਬਰ ਨੂੰ ਸੂਬੇ ਵਿਚ ਵੱਡੇ ਪੱਧਰ ‘ਤੇ ਵਿਆਹ ਦੇ ਆਯੋਜਨ ਹਨ। ਇਸ ਤੋਂ ਇਲਾਵਾ ਸਮਾਜਿਕ ਪ੍ਰੋਗਰਾਮ ਵੀ ਹਨ। ਇਸ ਨੂੰ ਦੇਖਦੇ ਹੋਏ ਕਈ ਸਿਆਸੀ ਦਲਾਂ ਤੇ ਸਮਾਜਿਕ ਸੰਗਠਨਾਂ ਨੇ ਵੋਟਿੰਗ ਦੀ ਤਰੀਕ ਬਦਲਣ ਦੀ ਅਪੀਲ ਕੀਤੀ ਸੀ। ਇਸ ਦੇ ਮੱਦੇਨਜ਼ਰ ਵੋਟਿੰਗ ਦੀ ਡੇਟ ਨੂੰ ਬਦਲਣ ਦਾ ਫੈਸਲਾ ਲਿਆ ਗਿਆ ਹੈ। 23 ਨਵੰਬਰ ਨੂੰ ਵੇਦੋਉਥਾਨ ਏਕਾਦਸ਼ੀ ਹੈ ਜਿਸ ਨੂੰ ਦੇਵਉਠਨੀ ਵੀ ਕਿਹਾ ਜਾਂਦਾ ਹੈ। ਇਸ ਦਿਨ ਵਿਆਹ ਕਰਨਾ ਚੰਗਾ ਮੰਨਿਆ ਜਾਂਦਾਹੈ ਤੇ ਲੋਕ ਬਿਨਾਂ ਕਿਸੇ ਮਹੂਰਤ ਨੂੰ ਦੇਖੇ ਹੀ ਵਿਆਹ ਕਰਦੇ ਹਨ।

ਇਸ ਵਾਰ ਰਾਜਸਥਾਨ ਵਿਚ ਦੇਵਉਥਾਨ ਏਕਾਦਸ਼ੀ ਮੌਕੇ 50 ਹਜ਼ਾਰ ਤੋਂ ਵੱਧ ਵਿਆਹ ਦਾ ਅੰਦਾਜ਼ਾ ਹੈ। ਇਹੀ ਵਜ੍ਹਾ ਹੈ ਕਿ ਵੋਟਿੰਗ ਦੀ ਤਰੀਕ ਬਦਲਣ ਦੀ ਮੰਗ ਹੋ ਰਹੀ ਸੀ ਜਿਸ ‘ਤੇ ਵਿਚਾਰ ਕਰਦੇ ਹੋਏ ਚੋਣ ਕਮਿਸ਼ਨ ਨੇ ਤਰੀਕ ਬਦਲ ਦਿੱਤੀ ਹੈ। ਹਾਲਾਂਕਿ ਨਤੀਜੇ ਦੀ ਤਰੀਕ ਉਹੀ ਰਹੇਗੀ ਤੇ 3 ਦਸੰਬਰ ਨੂੰ ਹੀ ਵੋਟਾਂ ਦੀ ਗਿਣਤੀ ਹੋਵੇਗੀ।





















# ਚੀਨ ਵਿਚ ਜਾਸੂਸੀ ਦੇ ਦੋਸ਼ ਵਿਚ ਨਜ਼ਰਬੰਦ ਪੱਤਰਕਾਰ ਆਸਟ੍ਰੇਲੀਆ ਵਾਪਿਸ ਆਈ

ਕੈਨਬਰਾ, 11 ਅਕਤੂਬਰ (ਪੋਸਟ ਬਿਊਰੋ): ਜਾਸੂਸੀ ਦੇ ਦੋਸ਼ ਵਿਚ ਚੀਨ ਵਿਚ ਤਿੰਨ ਸਾਲ ਤੱਕ ਨਜ਼ਰਬੰਦ ਰਹੀ ਇਕ ਚੀਨੀ-ਆਸਟ੍ਰੇਲੀਅਨ ਪੱਤਰਕਾਰ ਹੁਣ ਆਸਟ੍ਰੇਲੀਆ ਵਾਪਿਸ ਆ ਗਈ ਹੈ। ਪ੍ਰਧਾਨ ਮੰਤਰੀ ਐਂਥਨੀ ਐਲਬਨੀਜ਼ ਨੇ ਬੁੱਧਵਾਰ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ। ਅਲਬਾਨੀਜ਼ ਨੇ ਦੱਸਿਆ ਕਿ ਚੇਂਗ ਨੂੰ ਹਾਲ ਹੀ ਵਿੱਚ ਰਾਸ਼ਟਰੀ ਸੁਰੱਖਿਆ ਦੇ ਦੋਸ਼ਾਂ ਵਿੱਚ ਪਿਛਲੇ ਸਾਲ ਇੱਕ ਬੰਦ-ਅਦਾਲਤ ਮੁਕੱਦਮੇ ਵਿੱਚ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ ਸਜ਼ਾ ਸੁਣਾਈ ਗਈ ਸੀ।



ਅਲਬਾਨੀਜ਼ ਨੇ ਅੱਗੇ ਕਿਹਾ ਕਿ ਉਸਦੀ ਵਾਪਸੀ ਨੇ ਚੇਂਗ ਅਤੇ ਉਸਦੇ ਪਰਿਵਾਰ ਲਈ ਬਹੁਤ ਮੁਸ਼ਕਲ ਸਾਲਾਂ ਦਾ ਅੰਤ ਕੀਤਾ ਹੈ। ਸਰਕਾਰ ਲੰਬੇ ਸਮੇਂ ਤੋਂ ਇਸਦੀ ਮੰਗ ਕਰ ਰਹੀ ਸੀ ਅਤੇ ਉਸਦੀ ਵਾਪਸੀ ਦਾ ਨਾ ਸਿਰਫ ਉਸਦੇ ਪਰਿਵਾਰ ਅਤੇ ਦੋਸਤਾਂ ਦੁਆਰਾ ਬਲਕਿ ਸਾਰੇ ਆਸਟ੍ਰੇਲੀਆਈ ਲੋਕਾਂ ਦੁਆਰਾ ਨਿੱਘਾ ਸਵਾਗਤ ਕੀਤਾ ਜਾਵੇਗਾ। ਚੇਂਗ ਲੇਈ (48) ਚੀਨ ਦੇ ਰਾਜ ਪ੍ਰਸਾਰਕ ਸੀਸੀਟੀਵੀ ਦੇ ਅੰਤਰਰਾਸ਼ਟਰੀ ਵਿਭਾਗ ਲਈ ਕੰਮ ਕਰਦੀ ਸੀ। ਅਲਬਾਨੀਜ਼ ਨੇ ਕਿਹਾ ਕਿ ਉਸ ਨੇ ਮੈਲਬੌਰਨ ਵਿੱਚ ਆਪਣੇ ਦੋ ਬੱਚਿਆਂ ਨਾਲ ਦੁਬਾਰਾ ਮੁਲਾਕਾਤ ਕੀਤੀ ਹੈ। ਉਸ ਦੀ ਵਾਪਸੀ ਇਸ ਸਾਲ ਅਲਬਾਨੀਜ਼ ਦੀ ਬੀਜਿੰਗ ਦੀ ਯੋਜਨਾਬੱਧ ਯਾਤਰਾ ਤੋਂ ਪਹਿਲਾਂ ਹੋਈ ਹੈ, ਜਿਸ ਦਾ ਐਲਾਨ ਹੋਣਾ ਬਾਕੀ ਹੈ।

ਅਲਬਾਨੀਜ਼ ਨੇ ਕਿਹਾ ਕਿ ਉਸਨੇ ਮੈਲਬੌਰਨ ਵਿੱਚ ਚੇਂਗ ਨਾਲ ਗੱਲ ਕੀਤੀ, ਜਿੱਥੇ ਉਸਦੇ ਬੱਚੇ ਆਪਣੀ ਮਾਂ ਨਾਲ ਰਹਿ ਰਹੇ ਹਨ। ਇਸ ਦੌਰਾਨ ਉਹਨਾਂ ਨੇ ਇੱਕ ਚਿੱਠੀ ਬਾਰੇ ਚਰਚਾ ਕੀਤੀ ਜੋ ਉਸਨੇ ਅਗਸਤ ਵਿੱਚ ਉਸਦੀ ਨਜ਼ਰਬੰਦੀ ਦੀ ਤੀਜੀ ਵਰ੍ਹੇਗੰਢ ਨੂੰ ਮਨਾਉਣ ਲਈ ਆਸਟ੍ਰੇਲੀਆਈ ਜਨਤਾ ਨੂੰ ਲਿਖੀ ਸੀ। ਚੀਨੀ ਮੂਲ ਦੀ ਪੱਤਰਕਾਰ ਨੇ ਆਪਣੇ ਪੱਤਰ ਵਿੱਚ ਆਪਣੇ ਗੋਦ ਲਏ ਦੇਸ਼ ਪ੍ਰਤੀ ਆਪਣੇ ਪਿਆਰ ਬਾਰੇ ਗੱਲ ਕੀਤੀ। ਪੱਤਰ ਵਿੱਚ ਉਸਨੇ ਚੀਨ ਵਿੱਚ ਨਜ਼ਰਬੰਦੀ ਵਿੱਚ ਆਪਣੇ ਰਹਿਣ ਦੇ ਹਾਲਾਤ ਦਾ ਵਰਣਨ ਕਰਦੇ ਹੋਏ ਕਿਹਾ ਕਿ ਉਸਨੂੰ ਇੱਕ ਸਾਲ ਵਿੱਚ ਸਿਰਫ 10 ਘੰਟੇ ਧੁੱਪ ਵਿੱਚ ਖੜ੍ਹੇ ਰਹਿਣ ਦੀ ਇਜਾਜ਼ਤ ਦਿੱਤੀ ਗਈ ਸੀ।

ਅਲਬਾਨੀਜ਼ ਦੀ ਸਰਕਾਰ 2019 ਤੋਂ ਚੀਨ ਵਿੱਚ ਰੱਖੇ ਇੱਕ ਹੋਰ ਚੀਨੀ-ਆਸਟ੍ਰੇਲੀਅਨ ਚੇਂਗ ਅਤੇ ਯਾਂਗ ਹੇਂਗਜੁਨ ਦੀ ਰਿਹਾਈ ਲਈ ਲਾਬਿੰਗ ਕਰ ਰਹੀ ਹੈ। ਯਾਂਗ ਨੂੰ ਜਨਵਰੀ 2019 ਤੋਂ ਚੀਨ ਵਿੱਚ ਹਿਰਾਸਤ ਵਿੱਚ ਲਿਆ ਗਿਆ ਹੈ, ਜਦੋਂ ਉਹ ਆਪਣੀ ਪਤਨੀ ਅਤੇ ਮਤਰੇਈ ਧੀ ਨਾਲ ਨਿਊਯਾਰਕ ਤੋਂ ਗੁਆਂਗਜ਼ੂ ਪਹੁੰਚਿਆ ਸੀ। ਯਾਂਗ ਦੀ ਮਈ 2021 ਵਿੱਚ ਬੀਜਿੰਗ ਵਿੱਚ ਇੱਕ ਜਾਸੂਸੀ ਦੇ ਦੋਸ਼ ਵਿੱਚ ਬੰਦ ਦਰਵਾਜ਼ੇ ਦੀ ਸੁਣਵਾਈ ਹੋਈ ਅਤੇ ਉਹ ਅਜੇ ਵੀ ਫ਼ੈਸਲੇ ਦੀ ਉਡੀਕ ਕਰ ਰਿਹਾ ਹੈ।

# ਬੰਦ ਹੋਏ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ



ਚਮੋਲੀ, 11 ਅਕਤੂਬਰ (ਪੋਸਟ ਬਿਊਰੋ): ਉਤਰਾਖੰਡ ਦੇ ਚਮੋਲੀ ਜ਼ਿਲ੍ਹੇ 'ਚ ਸਥਿਤ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਅੱਜ 11 ਅਕਤੂਬਰ ਯਾਨੀ ਬੁੱਧਵਾਰ ਦੁਪਹਿਰ ਨੂੰ ਸਰਦੀਆਂ ਦੇ ਮੌਸਮ ਲਈ ਬੰਦ ਕਰ ਦਿੱਤੇ ਗਏ। ਕਪਾਟ ਬੰਦ ਹੋਣ ਦੇ ਮੌਕੇ 'ਤੇ ਵੱਡੀ ਗਿਣਤੀ 'ਚ ਸੰਗਤਾਂ ਅਤੇ ਗੁਰਦੁਆਰਾ ਕਮੇਟੀ ਦੇ ਮੈਂਬਰ ਮੌਜੂਦ ਰਹੇ। ਸਮੁੰ-ਦਰ ਤਲ ਤੋਂ ਕਰੀਬ 15,225 ਫੁੱਟ ਦੀ ਉਚਾਈ 'ਤੇ ਸਥਿਤ ਸਿੱਖ ਆਸਥਾ ਦੇ ਪ੍ਰਮੁੱਖ ਤੀਰਥ ਅਸਥਾਨ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਬੰਦ ਕਰਨ ਦੀ ਪ੍ਰਕਿਰਿਆ ਬੁੱਧਵਾਰ ਸਵੇਰੇ ਹੀ ਸ਼ੁਰੂ ਹੋ ਗਈ ਸੀ। ਗੁਰਦੁਆਰਾ ਸਾਹਿਬ ਦੇ ਦਰਵਾਜ਼ੇ ਸਰਦੀਆਂ ਲੰਘਣ ਤੋਂ 5 ਮਹੀਨੇ ਬਾਅਦ ਖੁੱਲ੍ਹਣਗੇ। ਸਵੇਰੇ ਦਰਵਾਜ਼ੇ ਬੰਦ ਕਰਨ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ। ਇਸ ਉਪਰੰਤ ਸੰਗਤਾਂ ਨੇ ਗੁਰੂਘਰ ਵਿੱਚ ਸ਼ਬਦ ਕੀਰਤਨ ਦਾ ਆਨੰਦ ਮਾਣਿਆ।

ਕਪਾਟ ਬੰਦ ਕਰਨ ਤੋਂ ਪਹਿਲਾਂ ਅੰਤਿਮ ਅਰਦਾਸ ਦੇ ਨਾਲ-ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪਾਲਕੀ 'ਤੇ ਸੁਸ਼ੋਭਿਤ ਕਰਕੇ ਸਤਿਨਾਮ ਸ੍ਰੀ ਵਾ-ਹਗੁਰੂ ਦਾ ਜਾਪ ਕਰਦਿਆਂ ਪੰਜ ਪਿਆਰਿਆਂ ਦੀ ਅਗਵਾਈ 'ਚ ਜਲੂਸ ਕੱਢਿਆ ਗਿਆ। ਇਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਸੱਚਖੰਡ ਸਾਹਿਬ ਦੇ ਦਰਵਾਜ਼ੇ ਸੁਸ਼ੋਭਿਤ ਕਰਕੇ ਬੰਦ ਕੀਤੇ ਗਏ। ਇਸ ਮੌਕੇ 2500 ਤੋਂ 3000 ਦੇ ਕਰੀਬ ਸ਼ਰਧਾਲੂ ਦਰਸ਼ਨਾਂ ਲਈ ਪੁੱਜੇ ਹੋਏ ਸਨ।

ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਬੰਦ ਕਰਨ ਮੌਕੇ ਜੋਸ਼ੀਮੱਠ ਦੇ ਗੋਵਿੰਦ ਘਾਟ ਤੋਂ ਲੈ ਕੇ ਗੋਵਿੰਦ ਧਾਮ ਸ੍ਰੀ ਹੇਮਕੁੰਟ ਸਾਹਿਬ ਗੁਰਦੁਆਰਾ ਸਾਹਿਬ ਤੱਕ ਦੇ ਸਮੁੱਚੇ ਰਸਤੇ ਨੂੰ ਸਜਾਇਆ ਗਿਆ। ਕਪਾਟਬੰਦੀ ਮੌਕੇ ਸਵੇਰੇ 10 ਵਜੇ ਸੁਖਮਨੀ ਸਾਹਿਬ ਦਾ ਪਾਠ ਆਰੰਭ ਕੀਤਾ ਗਿਆ। ਅਰਦਾਸ ਕਰਨ ਉਪਰੰਤ 12 ਵਜੇ ਦੇ ਕਰੀਬ ਸ਼ਬਦ ਕੀਰਤਨ ਆਰੰਭ ਹੋਇਆ। ਅੰਤਿਮ ਅਰਦਾਸ ਦੁਪਹਿਰ ਕਰੀਬ 1:15 ਵਜੇ ਹੋਈ ਜਿਸ ਵਿੱਚ ਸਮੂਹ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ।

# ਛੇੜਖ਼ਾਨੀ ਦਾ ਵਿਰੋਧ ਕਰਨ ’ਤੇ ਵਿਦਿਆਰਥਣ ਨੂੰ ਦੋ ਲੜਕਿਆਂ ਨੇ ਚੱਲਦੀ ਟਰੇਨ ਵਿਚੋਂ ਸੁੱਟਿਆ

ਬਰੇਲੀ, 11 ਅਕਤੂਬਰ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਬਰੇਲੀ ਸ਼ਹਿਰ ਦੇ ਸੀਬੀਗੰਜ ਥਾਣਾ ਖੇਤਰ ਵਿਚ ਮੰਗਲਵਾਰ ਸ਼ਾਮ ਨੂੰ ਛੇੜਖਾਨੀ ਦਾ ਵਿਰੋਧ ਕਰਨ 'ਤੇ ਕੋਚਿੰਗ ਤੋਂ ਘਰ ਪਰਤ ਰਹੀ ਨਾਬਾਲਿਗ ਵਿਦਿਆਰਥਣ ਨੂੰ ਦੋ ਮੁੰਡਿਆਂ ਨੇ ਚੱਲਦੀ ਟਰੇਨ ਦੇ ਅੱਗੇ ਸੁੱਟ ਦਿੱਤਾ, ਜਿਸ ਕਾਰਨ ਉਸ ਦਾ ਇਕ ਹੱਥ ਅਤੇ ਦੋਵੇਂ ਪੈਰ ਕੱਟੇ ਗਏ। ਪੁਲਸ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਮੁਤਾਬਕ ਮਾਮਲੇ ਵਿਚ ਇਕ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਲਖਨਊ ਵਿਚ ਜਾਰੀ ਇਕ ਬਿਆਨ ਮੁਤਾਬਕ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਘਟਨਾ 'ਤੇ ਸਖ਼ਤ ਰਵੱਈਆ ਅਪਣਾਇਆ ਹੈ ਅਤੇ ਇਸ ਮਾਮਲੇ ਵਿਚ ਲਾਪਰਵਾਹੀ ਵਰਤਣ ਲਈ ਸੀਬੀ ਗੰਜ ਥਾਣੇ ਦੇ ਇੰਚਾਰਜ ਇੰਸਪੈਕਟਰ, ਇਕ ਸਬ-ਇੰਸਪੈਕਟਰ ਅਤੇ ਇਕ ਕਾਂਸਟੇਬਲ ਸਮੇਤ ਤਿੰਨ ਪੁਲਸ ਮੁਲਾਜ਼ਮਾਂ ਨੂੰ ਮੁਅੱਤਲ ਕਰਨ ਦੇ ਹੁਕਮ ਦਿੱਤੇ ਗਏ ਹਨ।



ਪੁਲਸ ਮੁਤਾਬਕ ਮੰਗਲਵਾਰ ਸ਼ਾਮ ਨੂੰ ਵਾਪਰੀ ਇਸ ਘਟਨਾ 'ਚ ਵਿਦਿਆਰਥਣ ਜ਼ਿੰਦਗੀ ਅਤੇ ਮੌਤ ਵਿਚਾਲੇ ਜੰਗ ਲੜ ਰਹੀ ਹੈ। ਉਸ ਦੀਆਂ ਕਈ ਹੱਡੀਆਂ ਵੀ ਟੁੱਟ ਗਈਆਂ। ਹਸਪਤਾਲ 'ਚ ਦਾਖ਼ਲ ਵਿਦਿਆਰਥਣ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਬਿਆਨ ਮੁਤਾਬਕ ਮੁੱਖ ਮੰਤਰੀ ਨੇ ਜ਼ਖਮੀ ਵਿਦਿਆਰਥਣ ਨੂੰ ਤੁਰੰਤ 5 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਅਤੇ ਉਸ ਦਾ ਢੁੱਕਵਾਂ ਇਲਾਜ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਪੁਲਸ ਮੁਤਾਬਕ ਸੀਬੀਗੰਜ ਥਾਣਾ ਖੇਤਰ ਦੇ ਇਕ ਪਿੰਡ ਨਿਵਾਸੀ 17 ਸਾਲਾ ਵਿਦਿਆਰਥਣ ਦੇ ਪਿਤਾ ਨੇ ਦੱਸਿਆ ਕਿ ਉਸ ਦੀ ਧੀ ਹਰ ਸ਼ਾਮ ਸੀਬੀਗੰਜ ਕੋਚਿੰਗ ਪੜ੍ਹਨ ਲਈ ਜਾਂਦੀ ਸੀ। ਉਸ ਦੇ ਆਉਣ-ਜਾਣ ਦੌਰਾਨ ਇਕ ਨੌਜਵਾਨ ਅਤੇ ਉਸ ਦਾ ਸਾਥੀ ਉਸ ਨਾਲ ਛੇੜਛਾੜ ਕਰਦੇ ਸਨ।

ਵਿਦਿਆਰਥਣ ਤੋਂ ਜਾਣਕਾਰੀ ਮਿਲਣ 'ਤੇ ਪਰਿਵਾਰ ਨੇ ਦੋਸ਼ੀ ਦੇ ਪਰਿਵਾਰਕ ਮੈਂਬਰਾਂ ਨੂੰ ਸ਼ਿਕਾਇਤ ਕੀਤੀ ਪਰ ਦੋਵੇਂ ਨਹੀਂ ਮੰਨੇ। ਪੁਲਸ ਮੁਤਾਬਕ ਵਿਦਿਆਰਥਣ ਮੰਗਲਵਾਰ ਨੂੰ ਵੀ ਕੋਚਿੰਗ 'ਤੇ ਗਈ ਸੀ ਅਤੇ ਸ਼ਾਮ ਨੂੰ ਵਾਪਸ ਆਉਂਦੇ ਸਮੇਂ ਖਡਾਊ ਰੇਲਵੇ ਕਰਾਸਿੰਗ ਨੇੜੇ ਖ਼ੂਨ ਨਾਲ ਲੱਥਪੱਥ ਹਾਲਤ 'ਚ ਮਿਲੀ। ਪੁਲਿਸ ਨੇ ਇਕ ਨਿੱਜੀ ਹਸਪਤਾਲ 'ਚ ਦਾਖ਼ਲ ਕਰਵਾਇਆ।

# ਅਨੁਰਾਗ ਠਾਕੁਰ ਨੇ ਖੇਡਾਂ ਨੂੰ ਹੁਲਾਰਾ ਦੇਣ ‘ਮੇਰਾ ਯੁਵਾ ਭਾਰਤ’ ਸੰਸਥਾ ਬਣਾਉਣ ਦਾ ਕੀਤਾ ਐਲਾਨ

ਨਵੀਂ ਦਿੱਲੀ, 11 ਅਕਤੂਬਰ (ਪੋਸਟ ਬਿਊਰੋ): ਹਾਂਗਜ਼ੂ ਏਸ਼ਿਆਈ ਖੇਡਾਂ ਵਿੱਚ ਭਾਰਤ ਨੇ ਰਿਕਾਰਡ ਤੋੜ ਪ੍ਰਦਰਸ਼ਨ ਨਾਲ 107 ਤਮਗੇ ਜਿੱਤੇ ਹਨ । ਇਸ ਵਾਰ ਭਾਰਤੀ ਟੀਮ 100 ਦੇ ਪਾਰ ਦਾ ਟੀਚਾ ਲੈ ਕੇ ਏਸ਼ੀਆ ਖੇਡਾਂ ਦੇ ਇਸ ਟੀਚੇ ਨੂੰ ਵੀ ਸਫਲਤਾਪੂਰਵਕ ਹਾਸਿਲ ਕਰ ਲਿਆ। ਇਸ ਪ੍ਰਦਰਸ਼ਨ ਨੇ ਪੂਰੇ ਦੇਸ਼ ਦਾ ਨਾਮ ਰੌਸ਼ਨ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਖੁਦ ਅਥਲੀਟਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਦੇ ਚਲਦੇ ਖੇਡ ਮੰਤਰੀ ਅਨੁਰਾਗ ਠਾਕੁਰ ਨੇ ਵੱਡਾ ਐਲਾਨ ਕੀਤਾ ਹੈ। ਕੇਂਦਰੀ ਮੰਤਰੀ ਮੰਡਲ ਨੇ ਬੁੱਧਵਾਰ ਨੂੰ ਇੱਕ ਖੁਦਮੁਖਤਿਆਰੀ ਸੰਸਥਾ ‘ਮੇਰਾ ਯੁਵਾ ਭਾਰਤ’ (ਭਾਰਤ) ਦੀ ਸਥਾਪਨਾ ਨੂੰ ਮਨਜ਼ੂਰੀ ਦੇ ਦਿੱਤੀ ਹੈ ਜੋ ਕਿ ਨੌਜਵਾਨਾਂ ਦੇ ਵਿਕਾਸ ਅਤੇ ਨੌਜਵਾਨਾਂ ਦੇ ਵਿਕਾਸ ਲਈ ਤਕਨਾਲੋਜੀ ਦੁਆਰਾ ਸੰਚਾਲਿਤ ਇੱਕ ਵਿਆਪਕ ਯੋਗ ਵਿਧੀ ਵਜੋਂ ਕੰਮ ਕਰੇਗੀ। ਇਹ ਨੌਜਵਾਨਾਂ ਨੂੰ ਆਪਣੇ ਸੁਪਨੇ ਸਾਕਾਰ ਕਰਨ ਅਤੇ ਸਰਕਾਰ ਦੇ “ਵਿਕਾਸਸ਼ੀਲ ਭਾਰਤ” ਦਾ ਨਿਰਮਾਣ ਕਰਨ ਵਿੱਚ ਮੱਦਦ ਕਰੇਗਾ।



ਖੇਡ ਮੰਤਰੀ ਨੇ ਬੁੱਧਵਾਰ ਨੂੰ ਕਿਹਾ ਕਿ ਮੰਗਲਵਾਰ ਨੂੰ ਪ੍ਰਧਾਨ ਮੰਤਰੀ ਮੋਦੀ ਨੇ ਸਾਡੇ ਤਮਗਾ ਜੇਤੂਆਂ ਅਤੇ ਏਸ਼ਿਆਈ ਖੇਡਾਂ ਤੋਂ ਬਾਅਦ ਹੁਣ ਤੱਕ ਸਭ ਤੋਂ ਵੱਧ ਤਮਗੇ ਜਿੱਤ ਕੇ ਵਾਪਸੀ ਕਰਨ ਵਾਲੇ ਐਥਲੀਟਾਂ ਨੂੰ ਵਧਾਈ ਦਿੱਤੀ। ਹੁਣ ‘ਮਾਈ ਭਾਰਤ’ ਯਾਨੀ ‘ਮੇਰਾ ਯੁਵਾ ਭਾਰਤ’ ਨਾਂ ਦੀ ਸੰਸਥਾ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਇਹ ਇੱਕ ਵਿਆਪਕ ਸੰਸਥਾਗਤ ਵਿਧੀ ਹੋਵੇਗੀ ਜਿਸ ਲਈ ਇਸ ਦੇ ਨਿਰਮਾਣ ਦੀ ਇਜਾਜ਼ਤ ਦਿੱਤੀ ਗਈ ਹੈ।


Office: 416-654-1010


Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com

$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

REXDALE BODY SHOP
USED CAR SALE



CHEEMA
LOWEST PRICE IN TOWN

Specialization In:
★ All Kinds of Body Work
★ Auto Glass Windshield
★ Denting, Painting & Welding

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING



Capital DRUG TESTING

Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਮਾਰਸ਼ਲ ਆਰਟ ਗੱਤਕਾ ਅੰਤਰਰਾਸ਼ਟਰੀ ਖੇਡ ਬਣਨ ਲਈ ਤਿਆਰ : ਮਨਜਿੰਦਰ ਸਿੰਘ ਸਿਰਸਾ

## ਦੋ ਰੋਜਾ 11ਵੀਂ ਰਾਸ਼ਟਰੀ ਗੱਤਕਾ ਚੈਂਪੀਅਨਸ਼ਿਪ ਦਿੱਲੀ ਵਿੱਚ ਸ਼ੂਰੂ

ਚੰਡੀਗੜ੍ਹ, 11 ਅਕਤੂਬਰ (ਪੋਸਟ ਬਿਊਰੋ): ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ (ਐਨ.ਜੀ.ਏ.ਆਈ.) ਵੱਲੋਂ ਆਯੋਜਿਤ ਦੋ ਰੋਜ਼ਾ 11ਵੀਂ ਰਾਸ਼ਟਰੀ ਗੱਤਕਾ ਚੈਂਪੀਅਨਸ਼ਿਪ ਬੁੱਧਵਾਰ ਨੂੰ ਇੱਥੇ ਤਾਲਕਟੋਰਾ ਸਟੇਡੀਅਮ ਵਿਖੇ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਸ਼ੁਰੂ ਹੋਈ। ਇਸ ਚੈਂਪੀਅਨਸ਼ਿਪ ਵਿੱਚ 14 ਵੱਖ-ਵੱਖ ਰਾਜਾਂ ਦੇ 900 ਤੋਂ ਵੱਧ ਹੁਨਰਮੰਦ ਗੱਤਕਾ ਖਿਡਾਰੀ, (ਲੜਕੇ ਅਤੇ ਲੜਕੀਆਂ) ਭਾਗ ਲੈ ਰਹੇ ਹਨ ਜੋ ਵੱਖ-ਵੱਖ ਉਮਰ ਵਰਗਾਂ ਵਿੱਚ ਜੇਤੂ ਪੁਜ਼ੀਸ਼ਨਾਂ ਅਤੇ ਤਗਮੇ ਜਿੱਤਣ ਲਈ ਮੁਕਾਬਲੇ ਕਰਨਗੇ। ਇਸ ਸ਼ਾਨਦਾਰ ਖੇਡ ਮੇਲੇ ਦੀ ਮੇਜ਼ਬਾਨੀ ਗੱਤਕਾ ਐਸੋਸੀਏਸ਼ਨ ਆਫ ਦਿੱਲੀ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਡੀ.ਐਸ.ਜੀ.ਐਮ.ਸੀ.) ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ। ਉਦਘਾਟਨ ਮੌਕੇ ਮੁੱਖ ਮਹਿਮਾਨ ਵਜੋਂ ਬੋਲਦਿਆਂ ਭਾਜਪਾ ਦੇ ਕੌਮੀ ਸਕੱਤਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ 'ਗੱਤਕਾ ਸੋਟੀ' ਖੇਡ ਇੱਕ ਗਤੀਸ਼ੀਲ ਅਤੇ ਪ੍ਰਤਿੱਭਾਸ਼ਤਲੀ ਖੇਡ ਹੈ ਜੋ ਆਉਣ ਵਾਲੇ ਸਮੇਂ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧੀ ਹਾਸਲ ਕਰਨ ਕਰੇਗੀ। ਉਨ੍ਹਾਂ ਕਿਹਾ ਕਿ ਗੱਤਕੇ ਨੂੰ ਏਸ਼ੀਅਨ ਖੇਡਾਂ ਅਤੇ ਸੰਭਾਵਤ ਤੌਰ 'ਤੇ ਓਲੰਪਿਕ ਖੇਡਾਂ ਵਿਚ ਸ਼ਾਮਲ ਕਰਨ ਨਾਲ ਇਸ ਦੀ ਵਿਸ਼ਵ ਪੱਧਰ 'ਤੇ ਪੂਰੀ ਚੜ੍ਹਤ ਹੋਵੇਗੀ।

ਸਿਰਸਾ ਨੇ ਕੇਂਦਰ ਸਰਕਾਰ ਅਤੇ ਭਾਰਤੀ ਓਲੰਪਿਕ ਐਸੋਗੀਏਸ਼ਨ ਦੁਆਰਾ ਗੱਤਕਾ ਸੋਟੀ ਦੀ ਖੇਡ ਨੂੰ 36ਵੀਆਂ ਰਾਸ਼ਟਰੀ ਖੇਡਾਂ ਵਿੱਚ ਸ਼ਾਮਲ ਕੀਤੇ ਜਾਣ ਤੋਂ ਬਾਅਦ ਗੱਤਕੇ ਨੂੰ ਰਾਸ਼ਟਰੀ ਖੇਡ ਵਜੋਂ ਮਾਨਤਾ ਮਿਲ ਗਈ ਹੈ। ਉਨਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਖੇਡ ਮੰਤਰੀ ਅਨੁਰਾਗ ਠਾਕੁਰ ਦਾ ਇਸ ਉਪਲਬਧੀ ਵਿੱਚ ਅਹਿਮ ਭੂਮਿਕਾਵਾਂ ਨਿਭਾਉਣ ਲਈ ਧੰਨਵਾਦ ਪ੍ਰਗਟ ਕੀਤਾ ਅਤੇ ਇਸ ਰਵਾਇਤੀ ਖੇਡ ਨੂੰ ਵਿਸ਼ਵ ਪੱਧਰ 'ਤੇ ਪ੍ਰਫੁੱਲਤ ਕਰਨ ਪ੍ਰਤੀ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨ.ਜੀ.ਏ.ਆਈ.) ਨੂੰ ਆਪਣਾ ਪੂਰਾ ਸਮਰਥਨ ਦੇਣ ਦਾ ਵਾਅਦਾ ਕੀਤਾ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਆਪਣੇ ਸੰਬੋਧਨ ਦੌਰਾਨ ਗੱਤਕੇ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਖਿਡਾਰੀਆਂ ਨੂੰ ਗੱਤਕੇ ਨੂੰ ਨਾ ਸਿਰਫ ਇੱਕ ਮਾਰਸ਼ਲ ਆਰਟ ਵਜੋਂ ਸਮਝਣ ਬਲਕਿ ਇੱਕ ਸਮਰੱਥ ਖੇਡ ਅਤੇ ਸਵੈ-ਰੱਖਿਆ ਦੇ ਰੂਪ ਵਜੋਂ ਵੀ ਅਪਣਾਉਣ ਲਈ ਪ੍ਰੇਰਿਤ ਕੀਤਾ। ਕਾਹਲੋਂ ਨੇ ਰਾਜਧਾਨੀ ਵਿੱਚ ਇਸ ਪੁਰਾਤਨ ਸਿੱਖ ਮਾਰਸ਼ਲ ਆਰਟ ਨੂੰ ਪ੍ਰਫੁੱਲਤ ਕਰਨ ਲਈ ਡੀ.ਐਸ.ਜੀ.ਐਮ.ਸੀ. ਦੀ ਵਚਨਬੱਧਤਾ 'ਤੇ ਵੀ ਜ਼ੋਰ ਦਿੱਤਾ ਅਤੇ ਐਨ.ਜੀ.ਏ.ਆਈ. ਸਮੇਤ ਗੱਤਕਾ ਐਸੋਸੀਏਸ਼ਨ ਆਫ ਦਿੱਲੀ ਨੂੰ ਲਗਾਤਾਰ ਸਮਰਥਨ ਦੇਣ ਦਾ ਵਾਅਦਾ ਕੀਤਾ।



ਇਨ੍ਹਾਂ ਤੋਂ ਇਲਾਵਾ ਐਨ.ਜੀ.ਏ.ਆਈ. ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਅਤੇ ਗੱਤਕਾ ਐਸੋਸੀਏਸ਼ਨ ਆਫ ਦਿੱਲੀ (ਜੀ.ਏ.ਡੀ.) ਦੇ ਚੇਅਰਮੈਨ ਸਰਵਜੀਤ ਸਿੰਘ ਵਿਰਕ ਮੈਂਬਰ ਕਾਰਜਕਾਰਨੀ ਡੀ.ਐਸ.ਜੀ.ਐਮ.ਸੀ. ਨੇ ਵੀ ਹਾਜ਼ਰੀਨ ਨੂੰ ਪ੍ਰੇਰਨਾਦਾਇਕ ਵਿਚਾਰਾਂ ਨਾਲ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਇਹ ਰਾਸ਼ਟਰੀ ਗੱਤਕਾ ਚੈਂਪੀਅਨਸ਼ਿਪ ਨਾ ਸਿਰਫ਼ ਦੇਸ਼ ਦੀ ਅਮੀਰ ਮਾਰਸ਼ਲ ਆਰਟ ਵਿਰਾਸਤ ਦਾ ਪ੍ਰਮਾਣ ਹੈ ਸਗੋਂ ਦੇਸ਼ ਦੇ ਨੌਜਵਾਨਾਂ ਦੀ ਗੱਤਕੇ ਦੇ ਖੇਤਰ ਵਿੱਚ ਸਮਰਪਣ ਅਤੇ ਪ੍ਰਤਿਭਾ ਦਾ ਪ੍ਰਮਾਣ ਵੀ ਹੈ। ਅਜਿਹੀਆਂ ਨੈਸ਼ਨਲ ਚੈਂਪੀਅਨਸ਼ਿਪ ਕਰਾਉਣਾ ਗੱਤਕੇ ਦੀ ਅੰਤਰਰਾਸ਼ਟਰੀ ਮਾਨਤਾ ਵੱਲ ਖੇਡ ਵਜੋਂ ਸਫ਼ਰ ਦਾ ਪ੍ਰਤੀਕ ਹਨ ਜੋ ਗੱਤਕੇ ਦਾ ਵਿਸ਼ਵ ਪੱਧਰ 'ਤੇ ਖੇਡ ਬਣਨ ਦੀ ਸੰਭਾਵਨਾ ਨੂੰ ਮਜ਼ਬੂਤ ਕਰਦੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਚੈਨ ਸਿੰਘ ਕਲਸਾਣੀ ਤੇ ਸਿਮਰਨਜੀਤ ਸਿੰਘ ਕ੍ਰਮਵਾਰ ਮੀਤ ਪ੍ਰਧਾਨ ਅਤੇ ਸਕੱਤਰ ਐਨ.ਜੀ.ਏ.ਆਈ., ਜੀਏਡੀ ਦੇ ਪ੍ਰਧਾਨ ਗੁਰਮੀਤ ਸਿੰਘ ਰਾਣਾ, ਜਨਰਲ ਸਕੱਤਰ ਜੇਪੀ ਸਿੰਘ, ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਤੇਜਿੰਦਰਪਾਲ ਸਿੰਘ ਨਲਵਾ, ਬਲਜੀਤ ਸਿੰਘ ਸਕੱਤਰ ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਅਕੈਡਮੀ, ਇੰਦਰਜੋਧ ਸਿੰਘ ਮੀਤ ਪ੍ਰਧਾਨ ਗੱਤਕਾ ਐਸੋਸੀਏਸ਼ਨ ਆਫ ਪੰਜਾਬ, ਸਮੀਰ ਸਿੰਘ ਚੇਅਰਮੈਨ ਸਿੱਖ ਚੈਂਬਰ ਆਫ਼ ਕਾਮਰਸ, ਹਰਪ੍ਰੀਤ ਸਿੰਘ ਸਹੋਤਾ, ਈਵੈਂਟ ਮੈਨੇਜਮੈਂਟ ਆਦਿ ਵੀ ਹਾਜ਼ਰ ਸਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4’’ tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਇੱਕ ਕਦਮ ਮੰਜ਼ਿਲ ਵੱਲ



ਰੰਗ - ਬਰੰਗੇ ਫੁੱਲ ਖਿਲੇ ਨੇ
ਸਾਡੇ ਘਰ ਦੇ ਪਿਆਰੇ ਬੂਟੇ ।

ਕੋਈ ਵੱਡੇ ਕੋਈ ਛੋਟੇ ਨੇ
ਵਿੱਚ ਕਿਆਰੇ ਨਿਆਰੇ ਬੂਟੇ।

ਮਨ ਦੀ ਕਿਆਰੀ ਖਿਲ ਜਾਂਦੀ
ਜੇ ਕੋਈ , ਰੋਜ਼ ਨਿਹਾਰੇ ਬੂਟੇ ।

'ਸੁਮਨ' ਘਰ ਕਦੇ ਆ ਕੇ ਵੇਖੋਂ
ਸੱਤ ਭਾਂਤੇ ਬਹੁਤ ਸਾਰੇ ਬੂਟੇ ।

ਰਚਨਾ -
ਸੰਦੀਪ ਰਾਣੀ ਸੁਮਨ

ਸੰਦੀਪ ਰਾਣੀ ਸੁਮਨ


# 450 ਕਿਲੋਮੀਟਰ ਦੂਰੀ ਤੱਕ ਮਾਰ ਕਰਨ ਵਾਲੀ ਬ੍ਰਹਮੋਸ ਮਿਜ਼ਾਈਲ ਦਾ ਭਾਰਤੀ ਹਵਾਈ ਫੌਜ ਨੇ ਕੀਤਾ ਸਫ਼ਲ ਪ੍ਰੀਖਣ

ਨਵੀਂ ਦਿੱਲੀ, 11 ਅਕਤੂਬਰ (ਪੋਸਟ ਬਿਊਰੋ): ਭਾਰਤੀ ਹਵਾਈ ਫੌਜ ਨੇ ਹਾਲ ਹੀ ਵਿੱਚ ਅੰਡੇਮਾਨ ਅਤੇ ਨਿਕੋਬਾਰ ਟਾਪੂ ਦੇ ਨੇੜੇ ਬ੍ਰਹਮੋਸ ਮਿਜ਼ਾਈਲ ਦੇ ਸਤਹਿ ਤੋਂ ਸਤਹਿ ਤੱਕ ਮਾਰ ਕਰਨ ਵਾਲੇ ਸੰਸਕਰਣ ਦਾ ਸਫ਼ਲ ਪ੍ਰੀਖਣ ਕੀਤਾ ਹੈ। ਮਿਜ਼ਾਈਲ ਫਾਇਰ ਸਫਲ ਰਿਹਾ ਅਤੇ ਮਿਸ਼ਨ ਨੇ ਆਪਣੇ ਸਾਰੇ ਉਦੇਸ਼ ਪ੍ਰਾਪਤ ਕਰ ਲਏ।

ਇਹ ਨਵੀਂ ਵਿਸਤ੍ਰਿਤ ਰੇਂਜ ਬ੍ਰਹਮੋਸ ਸੁਪਰਸੋਨਿਕ ਕਰੂਜ਼ ਮਿਜ਼ਾਈਲ 450 ਕਿਲੋਮੀਟਰ ਦੂਰ ਤੱਕ ਦੇ ਟੀਚਿਆਂ ਨੂੰ ਮਾਰ ਸਕਦੀ ਹੈ। ਫੌਜ ਦੀ ਬ੍ਰਹਮੋਸ ਮਿਜ਼ਾਈਲ ਰੈਜੀਮੈਂਟ ਨੇ ਪਿੰਨ



ਪੁਆਇੰਟ ਸਟੀਕਤਾ ਨਾਲ ਇਹ ਸਫਲ ਪ੍ਰੀਖਣ ਕੀਤਾ ਹੈ। ਇਸ ਦੇ ਲਈ ਇਕ ਹੋਰ ਟਾਪੂ 'ਤੇ ਨਿਸ਼ਾਨਾ ਬਣਾਇਆ ਗਿਆ ਸੀ, ਜਿਸ ਨੂੰ ਮਿਜ਼ਾਈਲ ਨੇ ਸਹੀ ਨਿਸ਼ਾਨਾ ਬਣਾਇਆ। ਇਸ ਦੇ ਨਾਲ ਹੀ ਭਾਰਤੀ ਫੌਜ ਦੇ ਨਾਮ ਇੱਕ ਹੋਰ ਪ੍ਰਾਪਤੀ ਜੁੜ ਗਈ ਹੈ ਅਤੇ ਭਾਰਤੀ ਫੌਜ ਦੀ ਤਾਕਤ ਵਧੇਗੀ।

# ਹਰਪ੍ਰੀਤ ਸਿੰਘ ਮਠਾੜੂ ਦਾ ਰਾਮਗੜ੍ਹੀਆ ਭਵਨ ਵਿਖੇ ਕੀਤਾ ਗਿਆ ਸਨਮਾਨ



ਬਰੈਂਪਟਨ: ਬੀਤੇ ਐਤਵਾਰ ਰਾਮਗੜੀਆ ਸਿੱਖ ਫਾਉਂਡੇਸ਼ਨ ਆਫ ਆਨਟਾਰੀਓ ਕੈਨੇਡਾ ਵੱਲੋਂ ਅਪਣੇ ਹਫਤਾਵਾਰੀ ਸਮਾਗਮ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਰਾਮਗੜੀਆ ਭਵਨ ਵਿਖੇ ਸੰਗਤੀ ਰੂਪ ਵਿੱਚ ਕਰਵਾਏ ਗਏ , ਜਿਸ ਵਿੱਚ ਵੱਡੀ ਗਿਣਤੀ ਵਿਚ ਰਾਮਗੜੀਆ ਪਰਿਵਾਰ ਸ਼ਾਮਲ ਹੋਏ। ਜਿਹਨਾਂ ਵਿੱਚ ਸੀਨੀਅਰ ਮੈਂਬਰ ਹਰਦੇਵ ਸਿੰਘ ਸੌਂਦ, ਚੇਅਰਮੈਨ ਦਲਜੀਤ ਸਿੰਘ ਗੈਦੂ, ਵਾਈਸ ਚੇਅਰਮੈਨ ਜਸਵੀਰ ਸਿੰਘ ਸੈਂਹਬੀ , ਬਲਦੇਵ ਸਿੰਘ ਮਨਕੂ, ਗੁਰਚਰਨ ਸਿੰਘ ਡੂੱਬਈ, ਜਰਨੈਲ ਸਿੰਘ ਮਠਾੜੂ, ਸ਼ਵਿੰਦਰ ਸਿੰਘ ਕਲਸੀ ,ਕਰਨੈਲ ਸਿੰਘ ਘੜਿਆਲ, ਹਰਦਿਆਲ ਸਿੰਘ ਝੀਤਾ, ਰਵਿੰ-ਦਰਪਾਲ ਸਿੰਘ ਸੌਂਦ, ਹਰਿਮੰਦਰ ਸਿੰਘ ਗੈਦੂ, ਗੁਰਪ੍ਰੀਤ ਸਿੰਘ ਮਾਲੜਾ, ਅਮਨਦੀਪ ਸਿੰਘ ਬਮਰਾਹ,ਮਨਦੀਪ ਸਿੰਘ ਗੈਦੂ; ਭਾਈ ਕੁਲਵਿੰਦਰ ਸਿੰਘ ਅਤੇ ਭਾਈ ਰਾਜਵਿੰਦਰ ਸਿੰਘ ਸ਼ਾਮਲ ਸਨ ।ਪਾਠ ਉਪਰੰਤ ਰਾਗੀ ਸਿੰਘਾਂ ਵੱਲੋਂ ਬਹੁਤ ਹੀ ਰਸਭਿੰਨਾ ਕੀਰਤਨ ਵੀ ਕੀਤਾ ਇਸ ਮੌਕੇ ਭਾਰਤ ( ਪੰਜਾਬ ) ਦੇ ਲੁਧਿਆਣਾ ਸ਼ਹਿਰ ਤੋਂ ਆਏ ਸ. ਹਰਪਰੀਤ ਸਿੰਘ ਮਠਾੜੂ ਦਾ ਰਾਮਗੜੀਆ ਭਵਨ ਪਧਾਰਣ ਤੇ ਉਹਨਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ ਅਤੇ ਵਿਸ਼ੇਸ਼ ਤੌਰ ਤੇ ਸਿਰੋਪਾਓ ਅਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਬਾਅਦ ਵਿੱਚ ਆਉਣ ਵਾਲੇ ਸਮੇਂ ਲਈ ਫਾਉਂਡੇਸ਼ਨ ਦੇ ਕੰਮ ਕਾਜ਼ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਵੀਂ ਕਮੇਟੀ ਬਣਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਜਿਸ ਨੂੰ ਅਗਲੀ ਮੀਟਿੰਗ ਵਿੱਚ ਫਾਈਨਲ ਕੀਤਾ ਜਾਵੇਗਾ।ਸਾਰੇ ਮੈਂਬਰਾਂ ਨੂੰ ਇਸ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਵੀ ਬੇਨਤੀ ਕੀਤੀ ਗਈ।ਅੰਤ ਵਿੱਚ ਦਲਜੀਤ ਸਿੰਘ ਗੈਦੂ ਜੀ ਨੇ ਆਈ ਸਾਰੀ ਸੰਗਤ ਦਾ ਧੰਨਵਾਦ ਵੀ ਕੀਤਾ ਗਿਆ।

# ਪੰਜਾਬ ਸਾਹਿਤ ਅਕਾਦਮੀ ਅਤੇ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਵੱਲੋਂ ਅੰਤਰਰਾਸ਼ਟਰੀ ਕਾਵਿ ਮਿਲਣੀ ਯਾਦਗਾਰੀ ਹੋ ਨਿਬੜੀ

ਸਰੀ(ਕੈਨੇਡਾ) 11 ਅਕਤੂਬਰ (ਪੋਸਟ ਬਿਊਰੋ): ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਵੱਲੋਂ ਸਾਂਝੇ ਤੌਰ ਤੇ ਮਹੀਨਾਵਾਰ ਅੰਤਰਰਾਸ਼ਟਰੀ ਆਨਲਾਈਨ ਕਾਵਿ ਮਿਲਣੀ ਕਰਵਾਈ ਗਈ ਜੋ ਯਾਦਗਾਰੀ ਹੋ ਨਿਬੜੀ। ਰਮਿੰਦਰ ਵਾਲੀਆ ਰੰਮੀ ਫਾਊਂਡਰ ਤੇ ਪ੍ਰਬੰਧਕ, ਅੰਤਰਰਾਸ਼ਟਰੀ ਸਾਹਿਤਕ ਸਾਂਝਾ ਅਤੇ ਡਾ ਸਰਬਜੀਤ ਕੌਰ ਸੋਹਲ ਦੀ ਅਗਵਾਈ ਵਿੱਚ ਹੋਈ ਇਸ ਕਾਵਿ ਮਿਲਣੀ ਵਿੱਚ ਪ੍ਰਸਿੱਧ ਪੰਜਾਬੀ ਲੇਖਕ ਡਾ ਉਂਕਾਰ ਪ੍ਰੀਤ ਟਰਾਂਟੋ, ਡਾ ਨਿਹਾਇਦ ਖੁਰਸ਼ੀਦ ਪਾਕਿਸਤਾਨ ਅਤੇ ਡਾ ਜਸਪਾਲ ਕੌਰ ਦਿੱਲੀ ਪ੍ਰਧਾਨਗੀ ਮੰਡਲ ਵਿਚ ਬਤੌਰ ਮੁੱਖ ਮਹਿਮਾਨ ਹੋਏ। ਪੰਜਾਬ ਸਾਹਿਤ ਅਕਾਦਮੀ ਦੇ ਪ੍ਰਧਾਨ ਡਾ ਸਰਬਜੀਤ ਕੌਰ ਸੋਹਲ ਨੇ ਇਸ ਮੌਕੇ ਸਾਰੇ ਦੇਸ਼ ਵਿਦੇਸ਼ ਵਿਚ ਬੈਠੇ ਕਵੀਆਂ ਦਾ ਸਵਾਗਤ ਕੀਤਾ ਅਤੇ ਕਾਵਿ ਮਿਲਣੀ ਵਿੱਚ ਹਾਜ਼ਰ ਕਵੀਆਂ ਦੀਆਂ ਰਚਨਾਵਾਂ ਪੇਸ ਕਰਨ ਲਈ ਮੁਬਾਰਕਬਾਦ ਦਿੱਤੀ। ਉਹਨਾਂ ਨੇ ਇਸ ਸਾਂਝੇ ਉਪਰਾਲੇ ਵਿੱਚ ਵੱਖ ਵੱਖ ਦੇਸ਼ਾਂ ਤੋਂ ਸ਼ਾਮਲ ਕਵੀਆਂ ਦੀਆਂ ਰਚਨਾਵਾਂ ਨੂੰ ਸਮਾਜ ਲਈ ਮਾਰਗ ਦਰਸ਼ਨ ਕਰਨ ਵਾਲੀਆਂ ਦੱਸਿਆ। ਉਹਨਾਂ ਰਮਿੰਦਰ ਵਾਲੀਆ ਰੰਮੀ ਦੇ ਯਤਨਾਂ ਦੀ ਸ਼ਲਾਘਾ ਕੀਤੀ , ਜੋ ਚਾਰ ਸਾਲ ਤੋਂ ਲਗਾਤਾਰ ਇਹ ਪ੍ਰੋਗਰਾਮ ਕਰਵਾ ਰਹੇ ਹਨ ।

ਇਸ ਮੌਕੇ ਅੰਤਰਰਾਸ਼ਟਰੀ ਸਾਹਿਤਕ ਸਾਂਝਾ ਦੇ ਪ੍ਰਧਾਨ ਰਿੰਟੂ ਭਾਟੀਆ ਨੇ ਕਾਵਿ ਮਿਲਣੀ ਦਾ ਮੰਚ ਸੰਚਾਲਨ ਕੀਤਾ ਜੋ ਬਹੁਤ ਕਾਬਿਲੇ ਤਾਰੀਫ਼ ਸੀ ਅਤੇ ਖੁਦ ਵੀ ਇਕ ਸੂਫੀ ਰਚਨਾ ਤਰੁੰਮ ਵਿੱਚ ਪੇਸ ਕੀਤੀ। ਪ੍ਰੋਗਰਾਮ ਦਾ ਆਗਾਜ਼ ਬ੍ਰਹਮਟਨ ਤੋ ਨਿਰੰਜਨ ਸਿੰਘ ਪ੍ਰੇਮੀ(ਬਠਿੰਡਾ) ਦੀ ਰਚਨਾ ਨਾਲ ਹੋਇਆ। ਪ੍ਰਿੰਸੀਪਲ ਡਾ ਅਰਮਾਨ ਪ੍ਰੀਤ ਨੇ ਮਾਂ ਬੋਲੀ ਦੇ ਪਿਆਰ ਵਿਚ ਭਿੱਜੀ ਕਵਿਤਾ ਸੁਣਾਈ।ਟੋਰਾਂਟੋ ਦੇ ਨਾਮਵਰ ਸ਼ਾ-ਇਰ ਡਾ ਉਂਕਾਰ ਪ੍ਰੀਤ ਨੇ "ਅੱਜ ਕੱਲ ਮੈਨੂੰ ਕੀ ਹੋ ਗਿਆ" ਭਾਵਪੂਰਤ ਨਜ਼ਮ ਸੁਣਾਈ ਅਤੇ ਗ਼ਜ਼ਲ ਵੀ ਪੇਸ਼ ਕੀਤੀ। ਡਾ ਜਸਪਾਲ ਕੌਰ ਨੇ ਆਪਣੇ ਸੰਬੋਧਨ ਵਿਚ ਇਸ ਕਾਵਿ ਮਿਲਣੀ ਦੀ ਸ਼ਲਾਘਾ ਕਰਦਿਆਂ ਇਸ ਵਿਚ ਸ਼ਾਮਿਲ ਹੋਣ ਨੂੰ ਆਪਣਾ ਸੁਭਾਗ ਮੰਨਿਆ। ਇਟਲੀ ਤੋਂ ਕਰਮਜੀਤ ਰਾਣਾ ਨੇ "ਵਿਧਵਾ ਔਰਤ ਦੀ ਮਾਨਸਿਕਤਾ" ਨਾਲ ਜੁੜੀ ਰਚਨਾ ਸੁਣਾਈ। ਸਿੱਕੀ ਝੱਜੀ ਪਿੰਡ ਵਾਲਾ ਨੇ



"ਡਾਲਰਾਂ ਦੀ ਦੌੜ" ਕਵਿਤਾ ਰਾਹੀਂ ਵਿਦੇਸ਼ੀ ਵੱਸਦੇ ਭਾਰਤੀਆਂ ਦੇ ਬਾਰੇ ਵਿੱਚ ਲਿਖੀ ਆਪਣੀ ਰਚਨਾ ਸਾਂਝੀ ਕੀਤੀ।ਡਾ ਨਿਗਾ-ਹਤ ਖੁਰਸ਼ੀਦ ਨੇ ਇਸ ਕਾਵਿ ਮਿਲਣੀ ਵਿੱਚ ਸ਼ਾਮਲ ਹੋਣ ਤੇ ਖੁਸ਼ੀ ਪ੍ਰਗਟ ਕਰਦਿਆਂ 'ਤਾਰੇ ਮੇਰੇ ਸਾਥੀ ਬਣ ਗਏ ' ਖੂਬਸੂਰਤ ਨਜ਼ਮ ਸੁਣਾਈ। ਇਹਨਾਂ ਕਵੀਆਂ ਤੋਂ ਇਲਾਵਾ ਮਨ ਮਾਨ, ਕਮਲ ਪੀ ਐਚ ਡੀ ਖੋਜਾਰਥੀ ਜੋਕਿ ਪਰਵਾਸੀ ਗ਼ਜ਼ਲ ਤੇ ਕੰਮ ਕਰ ਰਹੇ ਹਨ, ਸੁਖਦੀਪ ਬਿਰਧਨੋ , ਯਾਦਵਿੰਦਰ ਸਿੰਘ ਬਾਗੀ, ਸੁਰਜੀਤ ਸਿਰੜੀ, ਡਾ ਨਿਰਮਲਜੀਤ ਨਿਰਮ ਜੋਸ਼ਨ , ਵਿਜੇਤਾ ਭਾਰਦਵਾਜ , ਕਵੀ ਪ੍ਰੇਮ ਕ੍ਰਿਸ਼ਨ ਤੇ ਕੁਲਵਿੰਦਰ ਸਿੰਘ ਗਾਖਲ ਨੇ ਆਪਣੀਆਂ ਖੂਬਸੂਰਤ ਰਚਨਾਵਾਂ ਪੇਸ ਕੀਤੀਆਂ। ਅੰਤ ਵਿੱਚ ਰਮਿੰਦਰ ਰੰਮੀ ਫ਼ਾਊਂਡਰ ਤੇ ਪ੍ਰੰਬਧਕ ਅੰਤਰਰਾਸ਼ਟਰੀ ਸਾਹਿਤਕ ਸਾਂਝਾ ਅਤੇ ਪ੍ਰੋ ਕੁਲਜੀਤ ਕੌਰ ਮੀਤ ਪ੍ਰਧਾਨ ਅੰਤਰਰਾਸ਼ਟਰੀ ਸਾਹਿਤਕ ਸਾਂਝਾ ਨੇ ਕਵੀਆਂ ਅਤੇ ਵਿਸ਼ੇਸ਼ ਮਹਿਮਾਨਾਂ ਦਾ ਧੰਨਵਾਦ ਕੀਤਾ। ਪ੍ਰੋ ਕੁਲਜੀਤ ਕੌਰ ਨੇ ਮੀਟਿੰਗ ਬਾਰੇ ਕੁੰਜੀਵਤ ਵਿਚਾਰ ਰੱਖੇ। ਇਸ ਕਾਵਿ ਮਿਲਣੀ ਵਿੱਚ ਡਾ ਬਲਜੀਤ ਕੌਰ ਰਿਆੜ , ਡਾ ਸਤਿੰਦਰ ਕੌਰ ਕਾਹਲੋਂ ਗੁਰਬਖਸ਼ ਕੌਰ , ਅਮਰ ਕੌਰ ਬੇਦੀ , ਇਟਲੀ , ਪ੍ਰੋ ਜਸਪਾਲ ਸਿੰਘ,ਪੂਰਨ ਸਿੰਘ, ਚਰਨਜੀਤ ਸਿੰਘ, ਸੁਖਵਿੰਦਰ ਸਿੰਘ ਤੇ ਦੇਸ਼ਾਂ ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਹੋਏ। ਇਹ ਰਿਪੋਰਟ ਪ੍ਰੋ ਕੁਲਜੀਤ ਨੇ ਸਾਂਝੀ ਕੀਤੀ ।


URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com


MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)




ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



# Dr. Randhawa Dentistry

*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






# Grand Upholstery Ltd

Sofa Company Originality in Every Piece

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

Special on Sale

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


ASIAN FOOD CENTRE
Dussehra & Navratri SALE
www.AsianFoodCentre.com
12TH OCT TO 23TH OCT 2023
Fresh Fruits, Vegetables, Indian & Canadian Grocery
$11.99 EA MEERA WHOLE WHEAT ATTA
$13.99 10LB SHER MULTIGRAIN ATTA
$12.99 QUALITY WHOLE WHEAT ATTA
$15.99 20LB SWARNA MULTIGRAIN ATTA
$5.99 4LB SHER BESAN
$12.99 MEERA BESAN
$6.99 750ML GURU JI BADAM & KESHARIA THANDAI SYRUP
$4.29 750ML GURU JI JEERA & KHUS SYRUP
2 FOR $1 EA MAGGI MASALA
$4.49 KHALSA PANEER
$7.99 25PCS POPULAR PARATHA
$3.29 POPULAR PARATHA
$11.99 10LB INDIA GATE ROZZANA RICE
$1.99 THAKAR HOME STYLE ASST. PARATHA
$4.99 1LB ALMONDS
$25.99 VERKA DESI GHEE
$6.99 DABUR MUSTARD OIL
$4.29 BRITANNIA CAKE RUSK
$4.29 BRITANNIA MASKA CHASKA
2 FOR $1 BRITANNIA NICE TIME
$4.99 4LB ASIAN BLACK CHANNA
$2.49 HALDIRAM SOAN PAPDI
$1.99 RESHMA BLACK/BROWN MEHNDI
$10.99 10LB VERKA BROWN SUGAR
$6.99 TASTY FROZEN PEAS
$9.99 2LB WAGHBAKRI TEA
$1.79 FROOTI
$2.49 POPULAR SAMOSA/SPRING ROLLS
$3.49 THAKAR MATAR KULCHA
$7.99 HALDIRAM FAMILY PACK NAAN
$1.49 EA SANTOSH NAAN
$1.79 BRITANNIA TOASTEA SUJI RUSK
$1.49 EXCEPT PANEER AASHIRVAAD NAAN/PARATHA (EXCEPT PANEER)
$2.79 EA RUBICON ASST. JUICE
$7.99 EA SAVERA RASMALAI
$4.29 EA HALDIRAM PANI PURI
$3.29 EA UDUPI ASST FROZEN
$7.99 EA APNA TASTE RASMALAI
$5.99 EA APNA TASTE GULAB JAMUN
$3.49 EA DEEP KESAR MANGO PULP
$3.99 EA AAP KI PASANAD SOYA TIKKA CHAAP
$3.99 EA AAP KI PASANAD SOYA CHAAP
$5.99 SAVERA KHOA
WE HAVE VARIETY OF NAVRATRI ITEMS AVAILABLE
Variety of Indian Sweets Available
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
TOLL FREE 1-800-708-9232
MEAT SHOP AVAILABLE
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media